**Exhibition on National Start-up Day**

**Department of Agriculture**

**Sri Guru Teg Bahadur Khalsa College, Sri Anandpur Sahib**

On the occasion of National Start-up day, the exhibition was organized by Agrarian Society of the Department of Agriculture in collaboration with Institution Innovation council on16-1-2024 . The 68 students of B.Sc. (Hons.) Agriculture and B.Voc Food Processing Exhibited Dish gardens, Terrarium, Mushrooms, Pickle (Mix Vegetable, Lemon, Chilli) and Vermicompost. On this Occasion, principal, Dr. Jasvir Singh motivated the students towards entrepreneurship and explained about the benefits of self-employment. The event was co-ordinated by Prof. Bhawna Thakur (HOD) Department of Agriculture. On this occasion, Vice-principal Dr. Malkeet singh, has motivated students about the self-employment and explained about the startup day. The IIC convener Dr. Gurpreet Kaur was also present.











# ਖਾਲਸਾ ਕਾਲਜ ਵਿਖੇ ਮਨਾਇਆ ਗਿਆ ਨੈਸ਼ਨਲ ਸਟਾਰਟਅੱਪ ਦਿਵਸ



ਪ੍ਰਾਈਮ ਉਦੇ

ਸ੍ਰੀ ਆਨੰਦਪੁਰ ਸਾਹਿਬ, 19 ਜਨਵਰੀ (ਜੋਗਿੰਦਰ ਰਾਣਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਨੈਸ਼ਨਲ ਸਟਾਰਟਅੱਪ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ ਵੱਲੋਂ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਪ੍ਰਦਰਸ਼ਨੀ ਲਗਾਈ ਗਈ। ਜਿਸ ਵਿੱਚ ਬੀ.ਐਸ.ਸੀ. (ਆਨਰਜ਼) ਖੇਤੀਬਾੜੀ ਅਤੇ ਬੀ. ਵੋਕ ਫੂਡ ਪ੍ਰੋਸੈਸਿੰਗ ਦੇ ਵਿਦਿਆਰਥੀਆ ਨੇ ਮਸ਼ਰੂਮ,ਅਚਾਰ (ਮਿਕਸ ਵੈਜੀਟੇਬਲ, ਨਿੰਬੂ, ਮਿਰਚ) ਅਤੇ ਵਰਮੀ ਕੰਪੋਸਟ ਪ੍ਰਦਰਸ਼ਿਤ ਕੀਤੇ। ਇਸ ਮੌਕੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਵਿਦਿਆਰਥੀਆਂ ਨੂੰ ਉੱਦਮਸ਼ੀਲਤਾ ਵੱਲ ਪ੍ਰੇਰਿਤ ਕੀਤਾ ਅਤੇ ਸਵੈ-ਰੁਜ਼ਗਾਰ ਦੇ ਲਾਭਾਂ ਬਾਰੇ ਦੱਸਿਆ। ਇਸ ਮੌਕੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਿ ਖਾਲਸਾ ਕਾਲਜ ਜਿੱਥੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਉੱਤਮ ਮੌਕੇ ਦਿੰਦਾ ਹੈ, ਉਥੇ ਹੀ ਉਹਨਾਂ ਨੂੰ ਸਵੈ ਰੁਜ਼ਗਾਰ ਲਈ ਵੀ ਤਿਆਰ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਅਜੋਕੇ ਸਮੇਂ ਦੇ ਹਾਣੀ ਬਣਾਉਣ ਤੇ ਇੰਡਸਟਰੀ ਦੀ ਲੋੜ ਅਨੁਸਾਰ ਰੋਜ਼ਗਾਰ ਪ੍ਰਾਪਤ ਕਰਨ ਲਈ ਤਿਆਰ ਕਰਨ ਦੇ ਮੰਤਵ ਨਾਲ ਇਹ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਗੌਰਤਲਬ ਹੈ ਕਿ ਇਸ ਪ੍ਰੋਗਰਾਮ ਦਾ ਆਯੋਜਨ ਖੇਤੀਬਾੜੀ ਵਿਭਾਗ ਦੇ ਮੁਖੀ ਪ੍ਰੋ. ਭਾਵਨਾ ਠਾਕੁਰ ਨੇ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾ. ਮਲਕੀਤ ਸਿੰਘ ਅਤੇ ਆਈ.ਆਈ.ਸੀ ਕਨਵੀਨਰ ਡਾ. ਗੁਰਪ੍ਰੀਤ ਕੌਰ ਵਿਸ਼ੇਸ਼ ਤੌਰ ਹਾਜ਼ਰ ਸਨ।